**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)

ਪੰਜਾਬ।

ਮੀਮੋ ਨੰ: ਸਮ/ਐਲੀਮਾ/2020/80127

ਮਿਤੀ: 4/3/2020

**ਵਿਸ਼ਾ:- ਸੋਸ਼ਲ ਮੀਡੀਆ ਤੇ ਸਿੱਖਿਆ ਵਿਭਾਗ ਦੁਆਰਾ ਕੀਤੇ ਗਏ ਕੰਮਾਂ ਬਾਰੇ ਆਮ ਜਨਤਾ ਅਤੇ ਅਧਿਆਪਕਾਂ ਨੂੰ ਜਾਣੂ ਕਰਵਾਉਣ ਬਾਰੇ।**

1.0 ਉਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਵੱਖ-ਵੱਖ ਜਿਲ੍ਹਿਆਂ ਦੇ ਸਕੂਲਾਂ ਦੇ ਵਿਜ਼ਿਟ ਦੌਰਾਨ ਅਤੇ ਪ੍ਰਾਪਤ ਹੋ ਰਹੇ ਸੁਝਾਵਾਂ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਸਿੱਖਿਆ ਵਿਭਾਗ ਦੁਆਰਾ ਕੀਤੇ ਜਾਣ ਵਾਲੇ ਕੰਮਾਂ ਬਾਰੇ ਜਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਆਪਣੇ ਜਿਲ੍ਹੇ ਨਾਲ ਸਬੰਧਤ ਜਾਂ ਕੁਝ ਸਾਂਝੇ ਤੌਰ ਤੇ ਕੀਤੇ ਗਏ ਉਪਰਾਲਿਆਂ ਬਾਰੇ ਆਮ ਜਨਤਾ ਨੂੰ ਆਪਣੇ ਸੋਸ਼ਲ ਮੀਡੀਆਂ ਗਰੁੱਪਾਂ ਰਾਹੀਂ ਜਾਣੂ ਕਰਵਾਉਣ ਦੀ ਲੋੜ ਹੈ।

3.0 ਇਸ ਸਬੰਧ ਵਿੱਚ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵਿਭਾਗ ਦੁਆਰਾ ਕੀਤੇ ਗਏ ਕੰਮਾਂ ਜਿਵੇਂ ਕਿ ਸਮਾਰਟ ਸਕੂਲ ਬਣਾਉਣਾ, ਦਾਖਲਾ ਮੁਹਿੰਮ, ਮਿਸ਼ਨ ਸ਼ਤ-ਪ੍ਰਤੀਸ਼ਤ, ਖੇਡਾਂ ਦੇ ਖੇਤਰ ਵਿੱਚ ਪ੍ਰਾਪਤੀਆਂ, ਅਧਿਆਪਕਾਂ ਦੀ ਸ਼ਲਾਘਾ, ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ ਜਾਂ ਵਿਭਾਗ ਦੁਆਰਾ ਦਿੱਤੀਆਂ ਜਾਣ ਵਾਲੀਆਂ ਹੋਰ ਸੁਵਿਧਾਵਾਂ ਜਾਂ ਕੰਮ ਜੋ ਕਿ ਆਮ ਜਨਤਾ ਨੂੰ ਜਾਣੂ ਕਰਵਾਉਣ ਯੋਗ ਹਨ, ਬਾਰੇ ਵੱਧ ਤੋਂ ਵੱਧ ਆਪਣੇ ਸੋਸ਼ਲ ਮੀਡੀਆ ਗਰੁੱਪਾਂ ਰਾਹੀਂ ਆਮ ਜਨਤਾ ਨੂੰ ਜਾਣੂ ਕਰਵਾਇਆ ਜਾਵੇ।

4.0 ਆਪ ਜੀ ਨੂੰ ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਅਤੇ ਸਕੂਲ ਮੁਖੀਆਂ ਨੂੰ ਵੀ ਉਕਤ ਅਨੁਸਾਰ ਹੀ ਬੇਨਤੀ ਕੀਤੀ ਜਾਵੇ ਜੀ।

**ਸਕੱਤਰ ਸਕੂਲ ਸਿੱਖਿਆ**